**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ**

## ਮਰੀਜਾਂ ਦੇ ਇਲਾਜ ਲਈ ਸਰਕਾਰੀ ਮੈਡੀਕਲ ਕਾਲਜਾਂ ਵਿਚ ਸਾਜੋ ਸਾਮਾਨ ਦੀ ਕਮੀ ਨਹੀਂ -ਸੋਨੀ

## ਡਾਕਟਰਾਂ ਅਤੇ ਪੈਰਾ ਮੈਡੀਕਲ ਸਟਾਫ ਦੀ ਸੁਰੱਖਿਆ ਸਾਡੀ ਪਹਿਲੀ ਤਰਜੀਹ

## ਕੋਰੋਨਾ ਵਿਰੁੱਧ ਜੰਗ ਜਿੱਤਣ ਲਈ ਸਾਰਿਆਂ ਨੂੰ ਇਕਮੁੱਠ ਹੋਣ ਦੀ ਲੋੜ-ਔਜਲਾ

ਅੰਮ੍ਰਿਤਸਰ, 7 ਅਪ੍ਰੈਲ ( )-

ਪੰਜਾਬ ਰਾਜ ਵਿੱਚ ਕੋਵਿਡ 19 ਤੋਂ ਪੀੜਤ ਮਰੀਜਾਂ ਦੇ ਇਲਾਜ ਲਈ ਰਾਜ ਦੇ ਸਰਕਾਰੀ ਮੈਡੀਕਲ ਕਾਲਜਾਂ ਵਿਚ ਹਰ ਤਰਾਂ ਦੇ ਸਾਜ਼ੋ-ਸਮਾਨ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾ ਰਹੀ। ਮਰੀਜਾਂ ਦੇ ਨਾਲ-ਨਾਲ ਪੈਰਾ ਮੈਡੀਕਲ ਸਟਾਫ ਤੇ ਡਾਕਟਰਾਂ ਦੀ ਸੁਰੱਖਿਆ ਵੀ ਸਾਡੀ ਪਹਿਲੀ ਤਰਜੀਹ ਹੈ ਅਤੇ ਇਸ ਕੰਮ ਲਈ ਵੀ ਸਾਡੇ ਹਸਪਤਾਲਾਂ ਵਿਚ ਦਸਤਾਨੇ, ਇੰਫਰਾ ਰੈਡ ਥਰਮਾਮੀਟਰ, ਸੈਨੀਟਾਈਜਰ, ਹਾਈਪੋਕਲੋਰਾਈਟ ਘੋਲ ਅਤੇ ਪੀ ਪੀ ਈ ਕਿੱਟਾਂ ਦੀ ਵੀ ਘਾਟ ਨਹੀਂ ਹੈ। ਉਕਤ ਸਬਦਾਂ ਦਾ ਪ੍ਰਗਟਾਵਾ ਡਾਕਟਰੀ ਸਿਖਿਆ ਤੇ ਖੋਜ ਮੰਤਰੀ ਸ੍ਰੀ ਓ. ਪੀ. ਸੋਨੀ ਨੇ ਮੈਡੀਕਲ ਕਾਲਜ ਵਿਚ ਕੀਤੀ ਉਚ ਪੱਧਰੀ ਮੀਟਿੰਗ ਮਗਰੋਂ ਪ੍ਰੈਸ ਨਾਲ ਗੱਲਬਾਤ ਕਰਦੇ ਕੀਤਾ। ਉਨਾਂ ਕਿਹਾ ਕਿ ਸਾਡੇ ਕੋਲ ਐਂਟੀ-ਵਾਇਰਲ ਡਰੱਗਜ਼, 2500 ਪੀਪੀਈ ਕਿੱਟਾਂ, 25000 ਐਨ 95 ਮਾਸਕ ਅਤੇ 7 ਲੱਖ ਟ੍ਰਿਪਲ ਲੇਅਰ ਮਾਸਕ ਅਤੇ ਐਂਟੀਬਾਇਓਟਿਕਸ ਆਦਿ ਮੌਜੂਦਾ ਸਮੇਂ ਦੀ ਮੰਗ ਤੋਂ ਕਿਤੇ ਜ਼ਿਆਦਾ ਹਨ ।

ਸ੍ਰੀ ਸੋਨੀ ਨੇ ਕਿਹਾ ਕਿ ਅੱਜ ਦੀ ਮੀਟਿੰਗ ਵਿਚ ਵਿਸ਼ੇਸ਼ ਤੌਰ ਉਤੇ ਚੰਡੀਗੜ੍ਹ ਤੋਂ ਪੁੱਜੇ ਪੰਜਾਬ ਦੇ ਡਾਕਟਰੀ ਸਿੱਖਿਆ ਅਤੇ ਖੋਜ ਵਿਭਾਗ ਦੇ ਪ੍ਰਮੁੱਖ ਸਕੱਤਰ ਸ੍ਰੀ ਡੀ.ਕੇ. ਤਿਵਾੜੀ ਨੇ ਵੀ ਭਰੋਸਾ ਦਿੱਤਾ ਹੈ ਕਿ ਸਪਲਾਈ ਵਿਚ ਕੋਈ ਕਮੀ ਨਹੀਂ ਆ ਰਹੀ ਅਤੇ ਸਰਕਾਰ ਵੱਲੋਂ ਵੱਡੇ ਪੱਧਰ ਤੇ ਪੀ ਪੀ ਈ ਕਿੱਟਾਂ ਦਾ ਆਰਡਰ ਦਿੱਤਾ ਜਾ ਚੁੱਕਾ ਹੈ, ਜਿਸ ਦੀ ਡਿਲਵਰੀ ਵੀ ਸਾਨੂੰ ਛੇਤੀ ਮਿਲ ਰਹੀ ਹੈ। ਉਨਾਂ ਕਿਹਾ ਕਿ ਡਾਕਟਰੀ ਸਿੱਖਿਆ ਤੇ ਖੋਜ ਵਿਭਾਗ ਅਤੇ ਸਿਹਤ ਵਿਭਾਗ ਪੰਜਾਬ ਮਿਲ ਕੇ ਇਸ ਜੰਗ ਨੂੰ ਲੜ ਰਹੇ ਹਨ, ਪਰ ਕਾਮਯਾਬੀ ਤਾਂ ਹੀ ਮਿਲੇਗੀ ਜੇਕਰ ਲੋਕ, ਮੀਡੀਆ ਤੇ ਸਾਰਾ ਸਟਾਫ ਇਕ ਟੀਮ ਵਜੋਂ ਕੰਮ ਕਰੇ।

ਉਨ੍ਹਾਂ ਕਿਹਾ ਕਿ ਮੈਡੀਕਲ ਕਾਲਜਾਂ ਵਿਚ ਸਟਾਕ ਦੀ ਭਰਪਾਈ ਹਰ ਦੂਜੇ ਦਿਨ ਕੀਤੀ ਜਾ ਰਹੀ ਹੈ। ਜਿਵੇਂ ਹੀ ਸਪਲਾਈ ਕੇਂਦਰੀ ਸਟੋਰਾਂ ਵਿੱਚ ਆਉਂਦੀ ਹੈ, ਉਵੇਂ ਹੀ ਇਹ ਸਪਲਾਈ ਅੱਗੇ ਭੇਜ ਦਿੱਤੀ ਜਾਂਦੀ ਹੈ। ਸ੍ਰੀ ਸੋਨੀ ਨੇ ਦੱਸਿਆ ਕਿ ਇਸ ਤੋਂ ਇਲਾਵਾ ਮੈਡੀਕਲ ਕਾਲਜ ਦੇ ਪ੍ਰਿੰਸੀਪਲਾਂ ਨੂੰ ਇਸ ਐਮਰਜੈਂਸੀ ਲਈ ਵਾਧੂ ਖਰੀਦ ਸਕਤੀਆਂ ਦਿੱਤੀਆਂ ਗਈਆਂ ਹਨ ਅਤੇ ਇਸ ਖਰੀਦ ਲਈ ਤਕਰੀਬਨ 4 ਕਰੋੜ ਰੁਪਏ ਦੀ ਰਾਸੀ ਵੀ ਭੇਜੀ ਜਾ ਚੁੱਕੀ ਹੈ। ਉਨਾਂ ਕਿਹਾ ਕਿ ਵਿਭਾਗ ਵਿਚ ਸੇਵਾ ਮੁਕਤੀ ਅੱਗੇ ਪਾ ਦਿੱਤੀ ਗਈ ਹੈ ਅਤੇ ਫਿਲਹਾਲ ਕਿਸੇ ਕਰਮਚਾਰੀ ਨੂੰ ਸੇਵਾ ਮੁਕਤ ਨਹੀਂ ਕੀਤਾ ਜਾਵੇਗਾ। ਉਨਾਂ ਇਸ ਮੌਕੇ ਅੰਮ੍ਰਿਤਸਰ ਤੋਂ ਲੋਕ ਸਭਾ ਮੈਂਬਰ ਸ. ਗੁਰਜੀਤ ਸਿੰਘ ਔਜਲਾ ਵੱਲੋਂ ਇਕ ਕਰੋੜ ਅਤੇ ਰਾਜ ਸਭਾ ਮੈਂਬਰ ਸ੍ਰੀ ਸ਼ਵੇਤ ਮਲਿਕ ਵੱਲੋਂ ਮੈਡੀਕਲ ਕਾਲਜ ਨੂੰ 25 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਲਈ ਧੰਨਵਾਦ ਕਰਦੇ

ਕਿਹਾ ਕਿ ਸਾਡੇ ਦੋਵੇਂ ਆਗੂ ਇਸ ਜੰਗ ਵਿਚ ਸਾਡਾ ਸਰੀਰਕ ਤੌਰ ਉਤੇ ਸਾਥ ਵੀ ਦੇ ਰਹੇ ਹਨ। ਉਨਾਂ ਕਿਹਾ ਕਿ ਸਾਡੀ ਕੋਸ਼ਿਸ਼ ਹੈ ਕਿ ਡਾਕਟਰਾਂ ਦੇ ਨਾਲ-ਨਾਲ ਪੈਰਾ ਮੈਡੀਕਲ ਸਟਾਫ, ਜੋ ਕਿ ਕੋਰੋਨਾ ਵਿਰੁੱਧ ਜੰਗ ਵਿਚ ਲੱਗਾ ਹੈ, ਦੇ ਰਹਿਣ ਤੇ ਖਾਣੇ ਦਾ ਇੰਤਜ਼ਾਮ ਵੀ ਕੀਤਾ ਜਾਵੇ।

ਸ੍ਰੀ ਸੋਨੀ ਨੇ ਦੱਸਿਆ ਕਿ ਅੰਮ੍ਰਿਤਸਰ ਵਿਖੇ ਸਰਕਾਰੀ ਮੈਡੀਕਲ ਕਾਲਜ ਵਿਖੇ ਹੁਣ ਤੱਕ 633 ਲੋਕਾਂ ਦੇ ਟੈਸਟ ਕੀਤੇ ਗਏ ਸਨ। ਜਿਨ੍ਹਾਂ ਵਿਚੋਂ 609 ਲੋਕਾਂ ਦੀ ਰਿਪੋਰਟ ਨੈਗੇਟਿਵ ਅਤੇ 24 ਲੋਕਾਂ ਦੀ ਰਿਪੋਰਟ ਪਾਜਟਿਵ ਆਈ ਹੈ। ਉਨ੍ਹਾਂ ਦੱਸਿਆ ਕਿ ਇਸ ਸਮੇਂ ਅੰਮ੍ਰਿਤਸਰ ਵਿਖੇ ਆਈਸੋਲੇਸ਼ਨ ਵਾਰਡ ਵਿਚ 4 ਪਾਜਟਿਵ ਮਰੀਜਾਂ ਦਾ ਇਲਾਜ ਚੱਲ ਰਿਹਾ ਹੈ ਅਤੇ 4 ਦੀ ਰਿਪੋਰਟ ਅਜੇ ਆਉਣੀ ਬਾਕੀ ਹੈ।

ਲੋਕ ਸਭਾ ਮੈਂਬਰ ਸ. ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਕੋਵਿਡ 19 ਵੱਡੀ ਚੁਣੌਤੀ ਹੈ, ਇਸ ਉਤੇ ਅਸੀਂ ਕਾਮਯਾਬੀ ਤਾਂ ਹੀ ਪ੍ਰਾਪਤ ਕਰ ਸਕਦੇ ਹਾਂ, ਜੇਕਰ ਅਸੀਂ ਸਾਰੇ ਵਿਭਾਗ ਇਕਮੁੱਠ ਹੋਈਏ। ਡਾਕਟਰਾਂ ਦੇ ਨਾਲ-ਨਾਲ ਪੈਰਾ ਮੈਡੀਕਲ ਸਟਾਫ ਵੀ ਆਪਣੀ ਜਾਨ ਦੀ ਪਰਵਾਹ ਨਾ ਕਰਦੇ ਹੋਏ ਇਸ ਜੰਗ ਵਿਚ ਯੋਗਦਾਨ ਪਾ ਰਿਹਾ ਹੈ ਅਤੇ ਸਾਨੂੰ ਸਾਰਿਆਂ ਦੀ ਸੁਰੱਖਿਆ ਦਾ ਫ਼ਿਕਰ ਹੈ। ਇਸ ਮੌਕੇ ਡਾਕਟਰੀ ਸਿੱਖਿਆ ਅਤੇ ਖੋਜ ਵਿਭਾਗ ਦੇ ਪ੍ਰਮੁੱਖ ਸਕੱਤਰ ਸ੍ਰੀ ਡੀ.ਕੇ. ਤਿਵਾੜੀ ਨੇ ਕਿਹਾ ਕਿ ਇਸ ਬੀਮਾਰੀ ਦੇ ਟਾਕਰੇ ਲਈ ਲਾਗੂ ਸਟੇਟ ਪ੍ਰੋਟੋਕੋਲ ਜਿਸ ਅਨੁਸਾਰ ਮਰੀਜਾਂ ਦੀ ਵੰਡ, ਟੈਸਟਿੰਗ, ਖੁਰਾਕ, ਬਾਇਓਮੈਡੀਕਲ ਕੂੜੇ ਅਤੇ ਮੌਤ ਤੋਂ ਬਾਅਦ ਤੱਕ ਦੇ ਪ੍ਰੋਟੋਕੋਲ ਨੂੰ ਇੰਨ-ਬਿੰਨ ਲਾਗੂ ਕੀਤਾ ਜਾ ਰਿਹਾ ਹੈ। ਉਨਾਂ ਕਿਹਾ ਕਿ ਇਸ ਬਿਮਾਰੀ ਦਾ ਇਲਾਜ ਸਮੁੱਚੇ ਭਾਰਤ ਵਿਚ ਇਕ ਸਮਾਨ ਹੈ ਚਾਹੇ ਉਹ ਨਿੱਜੀ ਹਸਪਤਾਲ ਹੋਣ ਜਾਂ ਸਰਕਾਰੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਫਰੀਦ ਮੈਡੀਕਲ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਰਾਏ ਬਹਾਦਰ, ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ, ਪੁਲਿਸ ਕਮਿਸ਼ਨਰ ਡਾ. ਸੁਖਚੈਨ ਸਿੰਘ ਗਿੱਲ, ਕਮਿਸ਼ਨਰ ਕਾਰਪੋਰੇਸ਼ਨ ਸ੍ਰੀਮਤੀ ਕੋਮਲ ਮਿਤਲ, ਵਧੀਕ ਡਿਪਟੀ ਕਮਿਸ਼ਨਰ ਡਾ. ਹਿਮਾਸ਼ੂੰ ਅਗਰਵਾਲ, ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਪਲਵੀ ਚੌਧਰੀ, ਪ੍ਰਿੰਸੀਪਲ ਮੈਡੀਕਲ ਕਾਲਜ ਡਾ. ਸੁਜਾਤਾ ਸ਼ਰਮਾ, ਸਿਵਲ ਸਰਜਨ ਡਾ. ਪ੍ਰਭਦੀਪ ਕੌਰ ਜੌਹਲ ਤੇ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

ਕੈਪਸ਼ਨ

ਮੈਡੀਕਲ ਕਾਲਜ ਵਿਚ ਮੀਟਿੰਗ ਕਰਦੇ ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ। ਨਾਲ ਹਨ ਲੋਕ ਸਭਾ ਮੈਂਬਰ ਸ. ਗੁਰਜੀਤ ਸਿੰਘ ਔਜਲਾ ਤੇ ਹੋਰ।

============

**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ**

# ਓ. ਪੀ. ਡੀ. ਬੰਦ ਕਰਨ ਵਾਲੇ ਨਿੱਜੀ ਹਸਪਤਾਲਾਂ ਦੇ ਲਾਇਸੈਂਸ ਹੋਣਗੇ ਰੱਦ-ਡਿਪਟੀ ਕਮਿਸ਼ਨਰ

ਅੰਮ੍ਰਿਤਸਰ, 7 ਅਪ੍ਰੈਲ ( )-

ਜਿਲ੍ਹੇ ਵਿਚੋਂ ਮਿਲ ਰਹੀਆਂ ਖ਼ਬਰਾਂ ਕਿ ਕੋਵਿਡ 19 ਦੇ ਚੱਲਦੇ ਲਗਾਏ ਗਏ ਕਰਫਿਊ ਦੌਰਾਨ ਕਈ ਨਿੱਜੀ ਹਸਪਤਾਲਾਂ ਵੱਲੋਂ ਵਾਇਰਸ ਦੇ ਡਰ ਕਾਰਨ ਆਪਣੀ ਓ ਪੀ ਡੀ ਸੇਵਾ (ਆਊਟ ਪੇਸੈਂਟ ਡਿਪਾਰਟਮੈਂਟ) ਬੰਦ ਕਰ ਦਿੱਤੀ ਗਈ ਹੈ, ਜਿਸ ਕਾਰਨ ਆਮ ਬਿਮਾਰੀਆਂ ਦੇ ਮਰੀਜਾਂ ਨੂੰ ਦਵਾਈ ਲੈਣ ਲਈ ਖੱਜ਼ਲ ਹੋਣਾ ਪੈ ਰਿਹਾ ਹੈ, ਨੂੰ ਗੰਭੀਰਤਾ ਨਾਲ ਲੈਂਦੇ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਸਪੱਸ਼ਟ ਕੀਤਾ ਹੈ ਕਿ ਜਿਸ ਵੀ ਨਿੱਜੀ ਹਸਪਤਾਲ ਨੇ ਸੰਕਟ ਦੇ ਇਸ ਸਮੇਂ ਕਿਸੇ ਵੀ ਬਹਾਨੇ ਆਪਣੀ ਓ. ਪੀ. ਡੀ. ਬੰਦ ਕੀਤੀ, ਉਸ ਦਾ ਲਾਇਸੈਂਸ ਰੱਦ ਕਰ ਦਿੱਤਾ ਜਾਵੇਗਾ।

ਉਨਾਂ ਕਿਹਾ ਕਿ ਬੀਤੇ ਦਿਨ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਕੋਲ ਵੀ ਰਾਜ ਭਰ ਵਿਚੋਂ ਅਜਿਹੀਆਂ ਸ਼ਿਕਾਇਤਾਂ ਪੁੱਜੀਆਂ ਸਨ ਅਤੇ ਉਨਾਂ ਨੇ ਤਰੁੰਤ ਇਸ ਬਾਬਤ ਸਖਤ ਨਿਰਦੇਸ਼ ਦਿੱਤੇ ਹਨ ਕਿ ਜਿਸ ਵੀ ਹਸਪਤਾਲ ਵੱਲੋਂ ਅਜਿਹਾ ਕੀਤਾ ਜਾਂਦਾ ਹੈ, ਉਸਦਾ ਲਾਇਸੈਂਸ ਰੱਦ ਕਰ ਦਿੱਤਾ ਜਾਵੇ। ਸ. ਢਿਲੋਂ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ ਪ੍ਰਾਪਤ ਹਦਾਇਤਾਂ ਸਬੰਧੀ ਸਿਵਲ ਸਰਜਨ ਅੰਮ੍ਰਿਤਸਰ ਨੂੰ ਜਾਣੂੰ ਕਰਵਾ ਦਿੱਤਾ ਗਿਆ ਹੈ ਕਿ ਭਵਿੱਖ ਵਿਚ ਕਿਸੇ ਵੀ ਹਸਪਤਾਲ ਵੱਲੋਂ ਆਪਣੀ ਓ. ਪੀ. ਡੀ. ਬੰਦ ਕਰਨ ਦੀ ਸੂਚਨਾ ਮਿਲੀ ਤਾਂ ਉਹ ਹਸਪਤਾਲ ਪੱਕਾ ਬੰਦ ਕਰਵਾ ਦਿੱਤਾ ਜਾਵੇਗਾ। ਸ. ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਨੇ ਇਸ ਮੌਕੇ ਦੀ ਤੁਲਨਾ ਜੰਗ ਨਾਲ ਕਰਦੇ ਕਿਹਾ ਹੈ ਕਿ ਜੰਗ ਵਿਚ ਜਦ ਕੋਈ ਫੌਜੀ ਪਿੱਛੇ ਪੈਰ ਕਰਦਾ ਹੈ ਤਾਂ ਉਸ ਨੂੰ ਗੋਲੀ ਮਾਰਨ ਦਾ ਹੁੱਕਮ ਹੁੰਦਾ ਹੈ, ਸੋ ਸਿਹਤ ਵਿਭਾਗ ਲਈ ਇਹ ਮੌਕਾ ਜੰਗ ਵਰਗਾ ਹੈ ਅਤੇ ਮਰੀਜਾਂ ਦੀ ਲੋੜ ਵੇਲੇ ਕੰਮ ਨਾ ਆਉਣ ਵਾਲੇ ਹਸਪਤਾਲਾਂ ਨੂੰ ਭਵਿੱਖ ਵਿਚ ਚੱਲਣ ਨਹੀਂ ਦਿੱਤਾ ਜਾਵੇਗਾ।

============

**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ**

## ਕਰਫਿਊ ਵਿਚ ਮੱਖੀ ਪਾਲਕ ਸ਼ਹਿਦ ਦੀਆਂ ਮੱਖੀਆਂ ਦੇ ਬਕਸੇ ਅਤੇ ਸ਼ਹਿਦ ਦੀ ਢੋਆ-ਢੁਆਈ ਕਰ ਸਕਦੇ ਹਨ-ਡਿਪਟੀ ਕਮਿਸ਼ਨਰ

**ਅੰਮ੍ਰਿਤਸਰ, 7 ਅਪ੍ਰੈਲ ( )-**

ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਨੇ ਦੱਸਿਆ ਹੈ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਕੋਵਿਡ-19 ਕਾਰਨ ਕਰਫਿਊ/ਲੌਕਡਾਊਨ ਦੇ ਮੱਦੇਨਜ਼ਰ ਸ਼ਹਿਦ ਦੀਆਂ ਮੱਖੀਆਂ ਦੇ ਬਕਸੇ, ਸ਼ਹਿਦ ਅਤੇ ਹੋਰ ਸਬੰਧਤ ਉਤਪਾਦ ਇਕ ਜ਼ਿਲ੍ਹੇ ਤੋਂ ਦੂਜੇ ਜ਼ਿਲ੍ਹੇ ਜਾਂ ਦੂਜੇ ਸੂਬਿਆਂ ਵਿੱਚ ਲਿਜਾਣ ਦੀ ਆਗਿਆ ਦੇ ਦਿੱਤੀ ਹੈ। ਇਹ ਹੁਕਮ ਕੌਮੀ ਮਧੂ ਮੱਖੀ ਬੋਰਡ ਵੱਲੋਂ ਸੂਬੇ ਨੂੰ ਜਾਰੀ ਕੀਤੀ ਐਡਵਾਈਜ਼ਰੀ ਦੀ ਲੀਹ 'ਤੇ ਕੀਤੇ ਗਏ ਹਨ। ਉਨਾਂ ਦੱਸਿਆ ਕਿ ਮੁਲਕ ਵਿੱਚੋਂ ਬਰਾਮਦ ਕੀਤੇ ਜਾਂਦੇ ਸ਼ਹਿਦ ਵਿੱਚ ਪੰਜਾਬ 50 ਫੀਸਦੀ ਤੋਂ ਵੱਧ ਯੋਗਦਾਨ ਪਾਉਂਦਾ ਹੈ ਅਤੇ ਅਜਿਹੇ ਵਿਚ ਮੱਖੀ ਪਾਲਕਾਂ ਨੂੰ ਰਾਹਤ ਦੇਣੀ ਜਰੂਰੀ ਹੈ।

ਉਨਾਂ ਕਿਹਾ ਕਿ ਸ਼ਹਿਦ ਦੀਆਂ ਮੱਖੀਆਂ ਜੀਵਤ ਜੀਵ ਹਨ ਅਤੇ ਉਨ੍ਹਾਂ ਨੂੰ ਨਿਰੰਤਰ ਦੇਖਭਾਲ ਦੀ ਲੋੜ ਹੈ। ਉਨ੍ਹਾਂ ਡਿਪਟੀ ਡਾਇਰੈਕਟਰ ਬਾਗਬਾਨੀ ਸ. ਗੁਰਿੰਦਰ ਸਿੰਘ ਨੂੰ ਸ਼ਹਿਦ ਦੀਆਂ ਮੱਖੀ ਪਾਲਣ ਦੇ ਕਾਰੋਬਾਰ ਨੂੰ ਬਚਾਉਣ ਲਈ ਫੌਰੀ ਕਦਮ ਚੁੱਕਣ ਦੇ ਹੁਕਮ ਦਿੱਤੇ। ਉਨਾਂ ਕਿਹਾ ਕਿ ਮੱਖੀ ਪਾਲਕ ਆਪਣਾ ਕਾਰੋਬਾਰ ਕਰਦੇ ਵਕਤ ਕੋਵਿਡ 19 ਦੇ ਸਬੰਧ ਵਿੱਚ ਸਿਹਤ ਵਿਭਾਗ ਵੱਲੋਂ ਸਮਾਜਿਕ ਦੂਰੀ, ਮਾਸਕ ਦੀ ਵਰਤੋਂ, ਹੱਥ ਧੋਣ ਆਦਿ ਸਮੇਤ ਤੈਅ ਕੀਤੇ ਪ੍ਰੋਟੋਕੋਲ ਦੀ ਨਿਰੰਤਰ ਅਤੇ ਬਾਰੀਕੀ ਨਾਲ ਪਾਲਣਾ ਜ਼ਰੂਰ ਕਰਨ। ਉਨਾਂ ਕਿਹਾ ਕਿ ਜਿਲ੍ਹੇ ਦੇ ਜਿਹੜੇ ਵੀ ਕਿਸਾਨਾਂ ਨੂੰ ਇਸ ਸਬੰਧੀ ਕੋਈ ਸਹਾਇਤਾ ਚਾਹੀਦੀ ਹੈ ਉਹ ਡਿਪਟੀ ਡਾਇਰੈਕਟਰ ਬਾਗਬਾਨੀ ਨਾਲ ਰਾਬਤਾ ਕਰਨ।

-------------

**ਦ਼ਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ**

## ਕਰਫਿਊ ਦੀ ਉਲੰਘਣਾ ਕਰਕੇ ਵਾਇਰਸ ਰੂਪੀ ਦੁਸ਼ਮਣ ਨੂੰ ਘਰ ਨਾ ਸੱਦੋ-ਡਿਪਟੀ ਕਮਿਸ਼ਨਰ

## ਜ਼ਾਬਤੇ ਲਈ ਸਹਿਯੋਗ ਕਰਨ ਵਾਲੇ ਲੋਕਾਂ ਦਾ ਕੀਤਾ ਧੰਨਵਾਦ

ਅੰਮ੍ਰਿਤਸਰ, 7 ਅਪ੍ਰੈਲ (          )-

ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਨੇ ਕੋਵਿਡ 19 ਦੇ ਚੱਲਦੇ ਰਾਜ ਦੀ ਜਨਤਾ ਨੂੰ ਵਾਇਰਸ ਤੋਂ ਬਚਾਉਣ ਲਈ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਲਗਾਏ ਗਏ ਕਰਫਿਊ ਵਿਚ ਜਿਲ੍ਹਾ ਵਾਸੀਆਂ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਵਿਚ ਧੰਨਵਾਦ ਕਰਦੇ ਅਪੀਲ ਕੀਤੀ ਕਿ ਵਾਇਰਸ ਨੂੰ ਘਰ ਆਉਣ ਤੋਂ ਰੋਕਣ ਲਈ ਆਪਣੇ ਘਰਾਂ ਦੇ ਅੰਦਰ ਰਹੋ। ਉਨਾਂ ਕਿਹਾ ਕਿ ਅਜੇ ਵੀ ਰਿਪੋਰਟਾਂ ਮਿਲ ਰਹੀਆਂ ਹਨ ਕਿ ਕੁੱਝ ਲੋਕ ਬਿਨਾਂ ਕਿਸੇ ਕੰਮ ਤੋਂ ਸੜਕਾਂ ਉਤੇ ਫਿਰਦੇ ਹਨ ਜਾਂ ਟੋਲੀਆਂ ਬਣਾ ਕੇ ਬੈਠਦੇ ਹਨ, ਉਹ ਬਹੁਤ ਗਲਤ ਹੈ। ਉਨਾਂ ਕਿਹਾ ਕਿ ਇਹ ਗੱਲ ਇਸ ਤਰਾਂ ਹੀ ਹੈ ਜਿਵੇਂ ਜੰਗ ਲੱਗੀ ਤੋਂ ਘਰ ਦਾ ਕੋਈ ਭੇਤੀ ਵਿਅਕਤੀ ਕਿਲ੍ਹੇ ਵਿਚ ਸੰਨ ਲਵਾ ਕੇ ਦੁਸ਼ਮਣ ਨੂੰ ਘਰ ਵਿਚ ਦਾਖਲ ਕਰਵਾ ਲਵੇ। ਉਨਾਂ ਕਿਹਾ ਕਿ ਇਸ ਮੌਕੇ ਜਦੋਂ ਵਾਇਰਸ ਆਪਣੇ ਸ਼ਹਿਰ ਵਿਚ ਦਸਤਕ ਦੇ ਚੁੱਕਾ ਹੈ, ਤਾਂ ਅਜਿਹਾ ਕਾਰਨ ਘਾਤਕ ਹੋ ਸਕਦਾ ਹੈ ਅਤੇ ਤੁਹਾਡੇ ਨਾਲ-ਨਾਲ ਤੁਹਾਡੇ ਪਰਿਵਾਰ ਵੀ ਬਿਮਾਰੀ ਦੀ ਪਕੜ ਵਿਚ ਆ ਸਕਦਾ ਹੈ।

ਉਨਾਂ ਕਿਹਾ ਕਿ ਜਿੱਥੇ ਕੁੱਝ ਲੋਕ ਵਾਇਰਸ ਨੂੰ ਸਹਿਜ ਵਿਚ ਲੈ ਕੇ ਉਸਨੂੰ ਘਰ ਸੱਦ ਰਹੇ ਹਨ, ਉਥੇ ਕੁੱਝ ਲੋਕ ਵਾਇਰਸ ਦੀਆਂ ਮੀਡੀਏ ਵਿਚ ਆਉਂਦੀਆਂ ਖ਼ਬਰਾਂ ਸੁਣ ਕੇ ਜ਼ਿਆਦਾ ਹੀ ਡਰ ਗਏ ਹਨ। ਉਨਾਂ ਕਿਹਾ ਕਿ ਅਜਿਹੇ ਮੌਕੇ ਸਰੀਰਕ ਤੌਰ ਉਤੇ ਤੰਦਰੁਸਤ ਰਹਿਣ ਦੇ ਨਾਲ-ਨਾਲ ਮਾਨਸਿਕ ਤੌਰ ਉਤੇ ਵੀ ਮਜ਼ਬੂਤ ਰਹਿਣ ਦੀ ਲੋੜ ਹੈ। ਉਨਾਂ ਕਿਹਾ ਕਿ ਪਹਿਲੀ ਗੱਲ ਤਾਂ ਸਮਝਣ ਵਾਲੀ ਹੈ ਕਿ ਮੌਸਮੀ ਖੰਘ ਤੇ ਜ਼ੁਕਾਮ ਕੋਰੋਨਾ ਦੇ ਲੱਛਣ ਨਹੀਂ। ਇਸ ਲਈ ਬਿਨਾਂ ਵਜ੍ਹਾ ਦਹਿਸ਼ਤ ਵਿਚ ਆਕੇ ਆਪਣੇ-ਆਪ ਨੂੰ ਬਿਮਾਰੀ ਅੱਗੇ ਸਮਰਪਿਤ ਵੀ ਨਹੀਂ ਕਰਨਾ, ਸਗੋਂ ਪਰਹੇਜ਼ ਰੱਖ ਕੇ ਮੁਕਾਬਲਾ ਕਰਨ ਦੀ ਲੋੜ ਹੈ।

=============

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

## ਐਸ. ਈ. ਜਸਵਿੰਦਰ ਸਿੰਘ ਦੀ ਮ੍ਰਿਤਕ ਦੇਹ ਲੈਣ ਤੋਂ ਪਰਿਵਾਰ ਵੱਲੋਂ ਇਨਕਾਰ

## ਐਸ ਡੀ ਐਮ ਦੀ ਅਗਵਾਈ ਹੇਠ ਪਟਵਾਰੀਆਂ ਨੇ ਕੀਤਾ ਸਸਕਾਰ

ਅੰਮ੍ਰਿਤਸਰ, 7 ਅਪ੍ਰੈਲ ( )-ਨਗਰ ਨਿਗਮ ਦੇ ਸਾਬਕਾ ਸੀਨੀਅਰ ਇੰਜੀਨੀਅਰ ਸ੍ਰੀ ਜਸਵਿੰਦਰ ਸਿੰਘ, ਜੋ ਕਿ ਬੀਤੇ ਦਿਨੀਂ ਸ਼ਹਿਰ ਦੇ ਇਕ ਨਿੱਜੀ ਹਸਪਤਾਲ ਵਿਚ ਕੋਵਿਡ 19 ਦੀ ਬਿਮਾਰੀ ਕਾਰਨ ਅਕਾਲ ਚਲਾਣਾ ਕਰ ਗਏ ਸਨ, ਦੇ ਪਰਿਵਾਰ ਨੇ ਉਨਾਂ ਦੀ ਮ੍ਰਿਤਕ ਦੇਹ ਵੀ ਲੈਣ ਤੋਂ ਇਨਕਾਰ ਕਰ ਦਿੱਤਾ। ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਦੀਆਂ ਹਦਾਇਤਾਂ ਉਤੇ ਐਸ ਡੀ ਐਮ ਸ੍ਰੀ ਵਿਕਾਸ ਹੀਰਾ, ਏ ਸੀ ਪੀ ਜਸਪ੍ਰੀਤ ਸਿੰਘ, ਤਹਿਸੀਲਦਾਰ ਸ੍ਰੀਮਤੀ ਅਰਚਨਾ, ਐਸ ਐਚ ਓ ਗੁਰਿੰਦਰ ਸਿੰਘ ਅਤੇ ਹੋਰ ਅਧਿਕਾਰੀਆਂ ਨੇ ਬਾਬਾ ਸ਼ਹੀਦਾਂ ਸਮਸ਼ਾਨ ਘਾਟ ਵਿਚ ਅੱਜ ਸਵੇਰੇ ਧਾਰਮਿਕ ਰਸਮਾਂ ਨਾਲ ਸ. ਜਸਵਿੰਦਰ ਸਿੰਘ ਦਾ ਅੰਤਿਮ ਸੰਸਕਾਰ ਆਪ ਮੌਕੇ ਉਤੇ ਜਾ ਕੇ ਕਰਵਾਇਆ। ਇਸ ਮੌਕੇ ਪਟਵਾਰੀਆਂ ਤੇ ਅੰਮ੍ਰਿਤਸਰ ਮਿਉਂਸੀਪਲ ਦੇ ਕਰਮਚਾਰੀਆਂ ਵੱਲੋਂ ਅਰਥੀ ਨੂੰ ਮੋਢਾ ਦੇਣ ਤੋਂ ਲੈ ਕੇ ਲਾਬੂੰ ਲਗਾਉਣ ਤੱਕ ਦੀ ਸਾਰੀ ਰਸਮ ਨਿਭਾਈ ਗਈ। ਅਰਦਾਸ ਲਈ ਗ੍ਰੰਥੀ ਸਿੰਘ ਦਾ ਪ੍ਰਬੰਧ ਵੀ ਤਹਿਸੀਲਦਾਰ ਸ੍ਰੀਮਤੀ ਅਰਚਨਾ ਵੱਲੋਂ ਗੁਰਦੁਆਰਾ ਸਾਹਿਬ ਤੋਂ ਕਰਵਾਇਆ ਗਿਆ।

ਸ੍ਰੀ ਵਿਕਾਸ ਹੀਰਾ ਐਸ ਡੀ ਐਮ ਅੰਮ੍ਰਿਤਸਰ ਇਕ ਨੇ ਦੱਸਿਆ ਕਿ ਪਹਿਲਾਂ ਹਸਪਤਾਲ ਅਤੇ ਫਿਰ ਅਸੀਂ ਪਰਿਵਾਰ ਨਾਲ ਮ੍ਰਿਤਕ ਦੇਹ ਲੈਣ ਲਈ ਰਾਬਤਾ ਕੀਤਾ ਸੀ, ਪਰ ਉਨਾਂ ਵੱਲੋਂ ਹਾਂ ਵਿਚ ਜਵਾਬ ਨਹੀਂ ਮਿਲਿਆ। ਉਨਾਂ ਦੱਸਿਆ ਕਿ ਅਸੀਂ ਪਰਿਵਾਰ ਵਾਸਤੇ ਸਾਰੇ ਸੁਰੱਖਿਆ ਪ੍ਰਬੰਧ ਜਿਸ ਵਿਚ ਕਿੱਟਾਂ, ਮਾਸਕ, ਦਸਤਾਨੇ, ਸੈਨਟਾਈਜ਼ਰ ਆਦਿ ਸ਼ਾਮਿਲ ਸਨ, ਦਾ ਪ੍ਰਬੰਧ ਵੀ ਕੀਤਾ ਸੀ, ਤਾਂ ਕਿ ਕਿਸੇ ਨੂੰ ਕੋਈ ਖ਼ਤਰਾ ਨਾ ਹੋਵੇ, ਪਰ ਪਰਿਵਾਰ ਨੇ ਹਾਂ ਹੀ ਨਹੀਂ ਕੀਤੀ। ਉਨਾਂ ਦੱਸਿਆ ਕਿ ਜਸਵਿੰਦਰ ਸਿੰਘ ਜੋ ਕਿ ਉਚੇ ਅਹੁਦੇ ਤੋਂ ਸੇਵਾ ਮੁਕਤ ਹੋਏ ਸਨ, ਦੀ ਬੇਟੀ ਵੀ ਡਾਕਟਰੀ ਦੀ ਪੜ੍ਹਾਈ ਕਰ ਰਹੀ ਹੈ ਅਤੇ ਉਸਨੇ ਵੀ ਮ੍ਰਿਤਕ ਦੇਹ ਲੈਣ ਲਈ ਹੁੰਗਾਰਾ ਤੱਕ ਨਹੀਂ ਭਰਿਆ ਅਤੇ ਇਥੋਂ ਤੱਕ ਕਿ ਪਰਿਵਾਰ ਦਾ ਕੋਈ ਵੀ ਮੈਂਬਰ ਸਮਸ਼ਾਨਘਾਟ ਤੱਕ ਵੀ ਨਹੀਂ ਪੁੱਜਾ। ਸਿੱਟੇ ਵਜੋਂ ਪ੍ਰਸ਼ਾਸ਼ਨ ਵੱਲੋਂ ਗਈ ਸਮੁੱਚੀ ਟੀਮ ਨੇ ਅੰਤਿਮ ਰਸਮਾਂ ਪੂਰੀਆਂ ਕੀਤੀਆਂ।

ਕੈਪਸ਼ਨ

ਸਾਬਕਾ ਸੀਨੀਅਰ ਇੰਜੀਨੀਅਰ ਸ੍ਰੀ ਜਸਵਿੰਦਰ ਸਿੰਘ ਦਾ ਅੰਤਿਮ ਸੰਸਕਾਰ ਕਰਨ ਮੌਕੇ ਮਾਲ ਤੇ ਅੰਮ੍ਰਿਤਸਰ ਮਿਉਂਸੀਪਲ ਕਾਰਪੋਰੇਸ਼ਨ ਦੇ ਕਰਮਚਾਰੀ।

=============

**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ**

## ਅੰਤਿਮ ਰਸਮਾਂ ਪੂਰੀਆਂ ਕਰਨ ਨਾਲ ਕੋਈ ਖ਼ਤਰਾ ਪੈਦਾ ਨਹੀਂ ਹੁੰਦਾ-ਸਿਹਤ ਮਾਹਿਰ

## ਆਪਣੇ ਪਿਆਰਿਆਂ ਨੂੰ ਸਨਮਾਨ ਨਾਲ ਅੰਤਿਮ ਵਿਦਾਇਗੀ ਦਿਉ -ਡਿਪਟੀ ਕਮਿਸ਼ਨਰ

ਅੰਮ੍ਰਿਤਸਰ, 7 ਅਪ੍ਰੈਲ ( )–

ਪਹਿਲਾਂ ਲੁਧਿਆਣਾ ਅਤੇ ਹੁਣ ਅੰਮ੍ਰਿਤਸਰ ਸ਼ਹਿਰ ਵਿਚ ਕ੍ਰਮਵਾਰ ਆਪਣੇ ਮਾਤਾ–ਪਿਤਾ, ਜੋ ਕਿ ਕੋਵਿਡ 19 ਤੋਂ ਪੀੜਤ ਸਨ, ਦੀ ਮੌਤ ਹੋ ਜਾਣ ਉਤੇ ਉਨਾਂ ਦੇ ਬੱਚਿਆਂ ਤੇ ਪਰਿਵਾਰ ਵੱਲੋਂ ਮ੍ਰਿਤਕ ਦੇਹ ਲੈਣ ਤੋਂ ਇਨਕਾਰ ਕਰਨ ਦੀਆਂ ਘਟਨਾਵਾਂ ਨੂੰ ਮੰਦਭਾਗਾ ਦੱਸਦੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ. ਸ਼ਿਵਦੁਲਾਰ ਸਿੰਘ ਢਿਲੋਂ ਨੇ ਕਿਹਾ ਕਿ ਲੋਕ ਬਿਨਾਂ ਵਜ੍ਹਾ ਘਬਰਾਹਟ ਵਿਚ ਆ ਕੇ ਆਪਣੇ ਪਿਆਰਿਆਂ ਦੀ ਅੰਤਿਮ ਵਿਦਾਇਗੀ ਤੋਂ ਭੱਜਣ ਨਾ, ਬਲਕਿ ਆਪ ਸਨਮਾਨ ਨਾਲ ਉਨਾਂ ਦੀਆਂ ਅੰਤਿਮ ਰਸਮਾਂ ਨਿਭਾਉਣ, ਕਿਉਂਕਿ ਕੋਵਿਡ 19 ਦੀ ਲਾਗ ਕੇਵਲ ਜਿਉਂਦੇ ਇਨਸਾਨ ਦੀ ਖੰਘ ਜਾਂ ਛਿੱਕ ਨਾਲ ਪੈਦਾ ਹੋਏ ਸੂਖਮ ਕਣਾਂ ਨਾਲ ਫੈਲਦੀ ਹੈ। ਉਨਾਂ ਕਿਹਾ ਕਿ ਕਿੰਨੀ ਮਾੜੀ ਗੱਲ ਹੈ ਕਿ ਕੱਲ੍ਹ ਤੱਕ ਜੋ ਮਾਂ–ਬਾਪ ਸਾਡੇ ਸ਼ਾਹੀ ਜਿਉਂਦੇ ਸਨ, ਅੱਜ ਅਸੀਂ ਉਨਾਂ ਦੀ ਅਰਥੀ ਨੂੰ ਮੋਢਾ ਦੇਣ ਤੋਂ ਵੀ ਭੱਜ ਰਹੇ ਹਾਂ। ਉਨਾਂ ਕਿਹਾ ਕਿ ਸਾਡੇ ਸਰਕਾਰੀ ਕਰਮਚਾਰੀ ਤੇ ਅਧਿਕਾਰੀ ਬੜੀ ਬਹਾਦਰੀ ਨਾਲ ਆਪ ਸਮਸ਼ਾਨਘਾਟ ਵਿਚ ਪਹੁੰਚ ਕੇ ਸਸਕਾਰ ਕਰ ਰਹੇ ਹਨ। ਉਨਾਂ ਕਿਹਾ ਕਿ ਭਾਰਤ ਅਤੇ ਰਾਜ ਸਰਕਾਰ ਵੱਲੋਂ ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਜੇ ਸਹੀ ਪ੍ਰੋਟੋਕੋਲ ਦੀ ਪਾਲਣਾ ਕੀਤੀ ਜਾਵੇ ਤਾਂ ਸਸਕਾਰ ਨਾਲ ਕੋਈ ਬੁਰਾ ਪ੍ਰਭਾਵ ਨਹੀਂ ਪੈਂਦਾ। ਇਥੋਂ ਤੱਕ ਕਿ ਰਾਖ ਨਾਲ ਵੀ ਕੋਈ ਖਤਰਾ ਪੈਦਾ ਨਹੀਂ ਹੁੰਦਾ ਅਤੇ ਅੰਤਮ ਰਸਮਾਂ ਲਈ ਰਾਖ ਇਕੱਠੀ ਕੀਤੀ ਜਾ ਸਕਦੀ ਹੈ। ਉਨਾਂ ਕਿਹਾ ਕਿ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਸਕਾਰ ਵੇਲੇ ਜ਼ਰੂਰੀ ਕਿੱਟ, ਮਾਸਕ ਅਤੇ ਦਸਤਾਨਿਆਂ ਦੀ ਵਰਤੋਂ ਨੂੰ ਯਕੀਨੀ ਬਣਾਉਣ ਦੀ ਲੋੜ ਹੈ।

ਉਨਾਂ ਦੱਸਿਆ ਕਿ ਸਿਹਤ ਮਾਹਿਰਾਂ ਅਨੁਸਾਰ ਬਿਨਾਂ ਮ੍ਰਿਤਕ ਸਰੀਰ ਨੂੰ ਹੱਥ ਲਗਾਏ ਰਿਸ਼ਤੇਦਾਰਾਂ ਨੂੰ ਮੂੰਹ ਦਿਖਾਉਣਾ ਅਤੇ ਧਾਰਮਿਕ ਰਸਮਾਂ ਜਿਵੇਂ ਕਿ ਧਾਰਮਿਕ ਪਾਠ ਪੜ੍ਹਨਾ, ਪਵਿੱਤਰ ਪਾਣੀ ਦਾ ਛਿੜਕਾਅ ਆਦਿ ਵੀ ਕੀਤਾ ਜਾ ਸਕਦਾ ਹੈ, ਪਰ ਮ੍ਰਿਤਕ ਦੇਹ ਨੂੰ ਨਹਾਉਣ, ਚੁੰਮਣਾ, ਗਲੇ ਲਗਾਉਣ ਦੀ ਇਜਾਜਤ ਨਹੀਂ ਹੈ। ਉਨਾਂ ਕਿਹਾ ਕਿ ਸੰਸਕਾਰ/ ਦਫਨਾਉਣ ਵਾਲੇ ਕਰਮਚਾਰੀਆਂ ਅਤੇ ਪਰਿਵਾਰਕ ਮੈਂਬਰਾਂ ਨੂੰ ਅੰਤਿਮ ਸਸਕਾਰ/ਦਫਨਾਉਣ ਤੋਂ ਬਾਅਦ ਹੱਥਾਂ ਦੀ ਸਫਾਈ ਕਰਨੀ ਚਾਹੀਦੀ ਹੈ। ਇਸ ਤੋਂ ਇਲਾਵਾ ਆਪਸੀ ਦੂਰੀ ਬਣਾਈ ਰੱਖਣ ਲਈ ਸ਼ਮਸ਼ਾਨਘਾਟ ਵਾਲੇ ਸਥਾਨ ‘ਤੇ ਵੱਡੇ ਇਕੱਠ ਤੋਂ ਪਰਹੇਜ ਕਰਨਾ ਚਾਹੀਦਾ ਹੈ।

===========